ਮਾਰੂ ਮਹਲਾ ੫ ਘਰੁ ੪ ੴ ਸਤਿਗੁਰ ਪ੍ਰਸਾਦਿ ॥ ਓਅੰਕਾਰਿ ਉਤਪਾਤੀ ॥ ਕੀਆ ਦਿਨਸੁ ਸਭ ਰਾਤੀ ॥ ਵਣੁ ਤ੍ਰਿਣੁ ਤ੍ਰਿਭਵਣ ਪਾਣੀ ॥ ਚਾਰਿ ਬੇਦ ਚਾਰੇ ਖਾਣੀ ॥ ਖੰਡ ਦੀਪ ਸਭਿ ਲੋਆ ॥ ਏਕ ਕਵਾਵੈ ਤੇ ਸਭਿ ਹੋਆ ॥੧॥ ਕਰਣੈਹਾਰਾ ਬੂਝਹੁ ਰੇ ॥ ਸਤਿਗੁਰੁ ਮਿਲੈ ਤ ਸੂਝੈ ਰੇ ॥੧॥ ਰਹਾਉ ॥ ਤ੍ਰੈ ਗੁਣ ਕੀਆ ਪਸਾਰਾ ॥ ਨਰਕ ਸੁਰਗ ਅਵਤਾਰਾ ॥ ਹਉਮੈ ਆਵੈ ਜਾਈ ॥ ਮਨੁ ਟਿਕਣੁ ਨ ਪਾਵੈ ਰਾਈ ॥ ਬਾਝੁ ਗੁਰੂ ਗੁਬਾਰਾ ॥ ਮਿਲਿ ਸਤਿਗੁਰ ਨਿਸਤਾਰਾ ॥੨॥ ਹਉ ਹਉ ਕਰਮ ਕਮਾਣੇ ॥ ਤੇ ਤੇ ਬੰਧ ਗਲਾਣੇ ॥ ਮੇਰੀ ਮੇਰੀ ਧਾਰੀ ॥ ਓਹਾ ਪੈਰਿ ਲੋਹਾਰੀ ॥ ਸੋ ਗੁਰ ਮਿਲਿ ਏਕੁ ਪਛਾਣੈ ॥ ਜਿਸੁ ਹੋਵੈ ਭਾਗੁ ਮਥਾਣੈ ॥੩॥ ਸੋ ਮਿਲਿਆ ਜਿ ਹਰਿ ਮਨਿ ਭਾਇਆ ॥ ਸੋ ਭੂਲਾ ਜਿ ਪ੍ਰਭੂ ਭੁਲਾਇਆ ॥ ਨਹ ਆਪਹੁ ਮੂਰਖੁ ਗਿਆਨੀ ॥ ਜਿ ਕਰਾਵੈ ਸੁ ਨਾਮੁ ਵਖਾਨੀ ॥ ਤੇਰਾ ਅੰਤੁ ਨ ਪਾਰਾਵਾਰਾ ॥ ਜਨ ਨਾਨਕ ਸਦ ਬਲਿਹਾਰਾ ॥੪॥੧॥੧੭॥ {ਪੰਨਾ 1003-1004}

ਪਦਅਰਥ:- ਓਅੰਕਾਰਿ—ਓਅੰਕਾਰ ਨੇ, ਸਰਬ-ਵਿਆਪਕ ਪਰਮਾਤਮਾ ਨੇ। ਉਤਪਤੀ—ਉਤਪੱਤੀ, ਸ੍ਰਿਸ਼ਟੀ ਦੀ ਰਚਨਾ। ਕੀਆ—ਬਣਾਇਆ। ਰਾਤੀ—ਰਾਤਾਂ। ਵਣੁ—ਜੰਗਲ। ਤ੍ਰਿਣੁ—ਤੀਲਾ, ਘਾਹ। ਤ੍ਰਿਭਵਣ—ਤਿੰਨੇ ਭਵਨ {ਆਕਾਸ਼, ਮਾਤਲੋਕ, ਪਾਤਾਲ}। ਚਾਰੇ ਖਾਣੀ—ਚਾਰ ਹੀ ਖਾਣੀਆਂ, ਚਾਰੇ ਹੀ ਉਤਪੱਤੀ ਦੇ ਵਸੀਲੇ {ਅੰਡਜ, ਜੇਰਜ, ਉਤਭੁਜ, ਸੇਤਜ}। ਖੰਡ—ਸ੍ਰਿਸ਼ਟੀ ਦੇ ਹਿੱਸੇ। ਦੀਪ—ਜਜ਼ੀਰੇ। ਸਭਿ—ਸਾਰੇ। ਲੋਆ—ਲੋਕ, ਮੰਡਲ। ਕਵਾਉ—ਬਚਨ, ਹੁਕਮ। ਤੇ—ਤੋਂ। ਏਕ ਕਵਾਵੈ ਤੇ—ਇਕ ਪਰਮਾਤਮਾ ਦੇ ਹੁਕਮ ਨਾਲ ਹੀ।1।

ਰੇ—ਹੇ ਭਾਈ! ਬੂਝਹੁ—ਜਾਣ-ਪਛਾਣ ਪੈਦਾ ਕਰੋ। ਤ—ਤਾਂ, ਤਦੋਂ। ਸੂਝੈ—ਸਮਝ ਪੈਂਦੀ ਹੈ।1। ਰਹਾਉ।

ਪਸਾਰਾ—ਖਿਲਾਰਾ। ਅਵਤਾਰਾ—ਜੰਮਣ। ਆਵੈ ਜਾਈ—ਆਉਂਦਾ ਹੈ ਜਾਂਦਾ ਹੈ, ਭਟਕਦਾ ਫਿਰਦਾ ਹੈ। ਰਾਈ—ਰਤਾ ਭਰ ਭੀ। ਗੁਬਾਰਾ—ਹਨੇਰਾ। ਮਿਲਿ ਸਤਿਗੁਰ—ਗੁਰੂ ਨੂੰ ਮਿਲ ਕੇ। ਨਿਸਤਾਰਾ—ਪਾਰ-ਉਤਾਰਾ।2।

ਹਉ ਹਉ—ਮੈਂ ਮੈਂ, ਮੈਂ ਵੱਡਾ ਹਾਂ ਮੈਂ ਵੱਡਾ ਹਾਂ। ਕਰਮ—ਕੰਮ। ਤੇ ਤੇ—ਉਹ ਸਾਰੇ। ਬੰਧ—ਬੰਧਨ। ਗਲਾਣੇ—ਗਲ ਵਿਚ। ਮੇਰੀ ਮੇਰੀ—ਮਮਤਾ। ਧਾਰੀ—ਹਿਰਦੇ ਵਿਚ ਵਸਾਈ। ਓਹਾ—ਉਹ ਮਮਤਾ ਹੀ। ਪੈਰਿ—ਪੈਰ ਵਿਚ। ਲੋਹਾਰੀ—ਲੋਹੇ ਦੀ ਬੇੜੀ। ਏਕੁ—ਇਕ ਪਰਮਾਤਮਾ ਨੂੰ। ਪਛਾਣੈ—ਡੂੰਘੀ ਸਾਂਝ ਪਾਂਦਾ ਹੈ। ਜਿਸੁ ਮਥਾਣੈ—ਜਿਸ ਦੇ ਮੱਥੇ ਉਤੇ। ਭਾਗੁ—ਚੰਗੀ ਕਿਸਮਤ।3।

ਜਿ—ਜਿਹੜਾ ਮਨੁੱਖ। ਮਨਿ—ਮਨ ਵਿਚ। ਭੂਲਾ—ਕੁਰਾਹੇ ਪੈ ਗਿਆ। ਭੁਲਾਇਆ—ਕੁਰਾਹੇ ਪਾ ਦਿੱਤਾ। ਆਪਹੁ—ਆਪਣੇ ਆਪ ਤੋਂ। ਗਿਆਨੀ—ਆਤਮਕ ਜੀਵਨ ਦੀ ਸੂਝ ਵਾਲਾ, ਸਿਆਣਾ। ਜਿ—ਜੋ ਕੁਝ। ਸੁ—ਉਹ, ਉਹੋ ਜਿਹਾ। ਵਖਾਨੀ—ਆਖਿਆ ਜਾਂਦਾ ਹੈ। ਨਾਮ ਵਖਾਨੀ—ਨਾਮ ਪੈ ਜਾਂਦਾ ਹੈ। ਸਦ—ਸਦਾ।4।

ਅਰਥ:- ਹੇ ਭਾਈ! ਸਿਰਜਣਹਾਰ ਪ੍ਰਭੂ ਨਾਲ ਡੂੰਘੀ ਸਾਂਝ ਪਾ। ਪਰ, ਹੇ ਭਾਈ! ਜਦੋਂ ਗੁਰੂ ਮਿਲ ਪਏ ਤਦੋਂ ਹੀ ਇਹ ਸੂਝ ਪੈਂਦੀ ਹੈ।1। ਰਹਾਉ।

ਹੇ ਭਾਈ! ਸਰਬ-ਵਿਆਪਕ ਪਰਮਾਤਮਾ ਨੇ ਜਗਤ ਦੀ ਉਤਪੱਤੀ ਕੀਤੀ ਹੈ; ਦਿਨ ਭੀ ਉਸ ਨੇ ਬਣਾਇਆ; ਰਾਤਾਂ ਭੀ ਉਸੇ ਨੇ ਬਣਾਈਆਂ, ਸਭ ਕੁਝ ਉਸੇ ਨੇ ਬਣਾਇਆ ਹੈ। ਹੇ ਭਾਈ! ਜੰਗਲ, (ਜੰਗਲ ਦਾ) ਘਾਹ, ਤਿੰਨੇ ਭਵਨ, ਪਾਣੀ (ਆਦਿਕ ਸਾਰੇ ਤੱਤ), ਚਾਰ ਵੇਦ, ਚਾਰ ਹੀ ਖਾਣੀਆਂ, ਸ੍ਰਿਸ਼ਟੀ ਦੇ ਵਖ ਵਖ ਹਿੱਸੇ, ਟਾਪੂ, ਸਾਰੇ ਲੋਕ—ਇਹ ਸਾਰੇ ਪਰਮਾਤਮਾ ਦੇ ਹੁਕਮ ਨਾਲ ਹੀ ਬਣੇ ਹਨ।1।

ਹੇ ਭਾਈ! ਪਰਮਾਤਮਾ ਨੇ ਹੀ ਤ੍ਰੈ-ਗੁਣੀ ਮਾਇਆ ਦਾ ਖਿਲਾਰਾ ਰਚਿਆ ਹੈ, ਕੋਈ ਨਰਕਾਂ ਵਿਚ ਹਨ, ਕੋਈ ਸੁਰਗਾਂ ਵਿਚ ਹਨ। ਹਉਮੈ ਦੇ ਕਾਰਨ ਜੀਵ ਭਟਕਦਾ ਫਿਰਦਾ ਹੈ, (ਜੀਵ ਦਾ) ਮਨ ਰਤਾ ਭਰ ਭੀ ਨਹੀਂ ਟਿਕਦਾ। ਗੁਰੂ ਤੋਂ

ਬਿਨਾ (ਜਗਤ ਵਿਚ ਆਤਮਕ ਜੀਵਨ ਵਲੋਂ) ਹਨੇਰਾ (ਹੀ ਹਨੇਰਾ) ਹੈ। ਗੁਰੂ ਨੂੰ ਮਿਲ ਕੇ (ਹੀ ਇਸ ਹਨੇਰੇ ਵਿਚੋਂ) ਪਾਰ ਲੰਘੀਦਾ ਹੈ।2।

ਹੇ ਭਾਈ! ਹਉਮੈ ਦੇ ਆਸਰੇ ਜੀਵ (ਅਨੇਕਾਂ) ਕਰਮ ਕਰਦੇ ਹਨ, ਉਹ ਸਾਰੇ ਕਰਮ (ਜੀਵਾਂ ਦੇ) ਗਲ ਵਿਚ ਫਾਹੀਆਂ ਬਣ ਜਾਂਦੇ ਹਨ। ਜੀਵ ਆਪਣੇ ਹਿਰਦੇ ਵਿਚ ਮਮਤਾ ਵਸਾਈ ਰੱਖਦਾ ਹੈ, ਉਹ ਮਮਤਾ ਹੀ ਜੀਵ ਦੇ ਪੈਰ ਵਿਚ ਲੋਹੇ ਦੀ ਬੇੜੀ ਬਣ ਜਾਂਦੀ ਹੈ। ਹੇ ਭਾਈ! ਜਿਸ ਮਨੁੱਖ ਦੇ ਮੱਥੇ ਉਤੇ ਭਾਗ ਜਾਗ ਪੈਂਦਾ ਹੈ, ਉਹ ਗੁਰੂ ਨੂੰ ਮਿਲ ਕੇ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ।3।

ਹੇ ਭਾਈ! ਉਹੀ ਮਨੁੱਖ ਪ੍ਰਭੂ-ਚਰਨਾਂ ਵਿਚ ਜੁੜਦਾ ਹੈ ਜਿਹੜਾ ਪ੍ਰਭੂ ਦੇ ਮਨ ਵਿਚ ਪਿਆਰਾ ਲੱਗਦਾ ਹੈ; ਉਹੀ ਮਨੁੱਖ ਕੁਰਾਹੇ ਪੈਂਦਾ ਹੈ ਜਿਸ ਨੂੰ ਪ੍ਰਭੂ ਆਪ ਕੁਰਾਹੇ ਪਾਂਦਾ ਹੈ। ਆਪਣੇ ਆਪ ਤੋਂ ਨਾਹ ਕੋਈ ਮੂਰਖ ਹੈ ਨਾਹ ਕੋਈ ਸਿਆਣਾ ਹੈ। ਪਰਮਾਤਮਾ ਜੋ ਕੁਝ ਜੀਵ ਪਾਸੋਂ ਕਰਾਂਦਾ ਹੈ ਉਸ ਦੇ ਅਨੁਸਾਰ ਹੀ ਉਸ ਦਾ ਨਾਮ (ਮੂਰਖ ਜਾਂ ਗਿਆਨੀ) ਪੈ ਜਾਂਦਾ ਹੈ।

ਹੇ ਦਾਸ ਨਾਨਕ! (ਆਖ—ਹੇ ਪ੍ਰਭੂ!) ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਤੇਰੀ ਹਸਤੀ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ। ਮੈਂ ਤੈਥੋਂ ਸਦਾ ਸਦਕੇ ਜਾਂਦਾ ਹਾਂ।4।1। 17।